
ਅੰਮ੍ਰਿਤਸਰ ਅਜੀਤ
ਅਜੀਤ, ਜਲੰਧਰ
ਸੋਮਵਾਰ, 9 ਦਸੰਬਰ 2024


## ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ



**ਰੇਡੀਓ**

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **9 ਦਸੰਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਅਤੇ **10 ਦਸੰਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

**ਪੀ. ਟੀ. ਸੀ.**

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 9 **ਦਸੰਬਰ** ਨੂੰ ਸ਼ਾਮ 4.30 ਤੋਂ 6.30 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਸਾਹਿਬ ਸਿੰਘ** ਤੇ **10 ਦਸੰਬਰ** ਨੂੰ ਸਵੇਰੇ 4.00 ਵਜੇ ਤੋਂ 7.45 ਵਜੇ ਤੱਕ **ਭਾਈ ਦਵਿੰਦਰ ਸਿੰਘ** ਅਤੇ **ਭਾਈ ਗੁਰਸੇਵਕ ਸਿੰਘ** ਕੀਰਤਨ ਕਰਨਗੇ।

**ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 4.00 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 5.30 ਵਜੇ ਤੋਂ 7.30 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।**

ਮੁੱਖ ਵਾਕ ਦੀ ਕਥਾ : **9 ਦਸੰਬਰ ਨੂੰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤੇ 10 ਦਸੰਬਰ ਨੂੰ ਗਿਆਨੀ ਗੁਰਲਾਲ ਸਿੰਘ ਮੀਰਾਂਕੋਟ, ਗੁ: ਮੰਜੀ ਸਾਹਿਬ ਦੀਵਾਨ ਹਾਲ, ਸ੍ਰੀ ਹਰਿਮੰਦਰ ਸਾਹਿਬ ਸਮੂਹ** ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

## ਸਰਹੱਦੀ ਪਿੰਡ ਪੰਜਗਰਾਈਆਂ ਦੇ ਖੇਤਾਂ 'ਚ ਢਾਈ ਕਰੋੜ ਦੇ ਕਰੀਬ ਕੀਮਤ ਦੀ ਹੈਰੋਇਨ ਬਰਾਮਦ-ਮਾਮਲਾ ਦਰਜ

ਗੱਗੋਮਾਹਲ, 8 ਦਸੰਬਰ (ਬਲਵਿੰਦਰ ਸਿੰਘ ਸੰਧੂ)–ਸਰਹੱਦੀ ਪਿੰਡ ਪੰਜਗਰਾਈਆਂ ਵਾਹਲਾ ਦੇ ਖੇਤਾਂ ਵਿਚੋਂ 560 ਗ੍ਰਾਮ ਹੈਰੋਇਨ ਮਿਲਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ ਜਿਸਦੀ ਅੰਤਰ ਰਾਸ਼ਟਰੀ ਬਾਜ਼ਾਰ ਵਿਚ ਕੀਮਤ ਕਰੀਬ ਢਾਈ ਕਰੋੜ ਰੁਪਏ ਬਣਦੀ ਹੈ । ਪਿੰਡ ਪੰਜਗਰਾਈਆਂ ਦੇ ਕਿਸਾਨ ਹਰਜਿੰਦਰ ਸਿੰਘ ਪੁੱਤਰ ਰਘਬੀਰ ਸਿੰਘ ਨੇ ਦੱਸਿਆ ਕਿ ਉਹ ਆਪਣੇ ਤਾਰਾਂ ਤੋਂ ਪਾਰ ਖੇਤਾਂ ਵਿਚ ਖਾਦ ਪਾ ਰਿਹਾ ਸੀ ਕਿ ਉਸ ਨੂੰ ਇੱਕ ਪੈਕਟ ਜਿਸ ਉੱਪਰ ਪੀਲੇ ਰੰਗ ਦੀ ਟੇਪ ਲਪੇਟੀ ਹੋਈ ਸੀ ਦਿਖਾਈ ਦਿੱਤਾ ਜਿਸ ਦੀ ਇਤਲਾਹ ਉਨ੍ਹਾਂ ਤੁਰੰਤ ਬੀ.ਐੱਸ.ਐੱਫ. ਅਧਿਕਾਰੀਆਂ ਨੂੰ ਦਿੱਤੀ ਜਿਨ੍ਹਾਂ ਮੌਕੇ 'ਤੇ ਪਹੁੰਚ ਕੇ ਇਸ ਪੈਕਟ ਨੂੰ ਕਬਜ਼ੇ ਵਿਚ ਲੈ ਲਿਆ ਜਿਸ ਵਿਚ ਹੈਰੋਇਨ ਦੀ ਖੇਪ ਲਪੇਟੀ ਹੋਈ ਸੀ। ਬੀ.ਐੱਸ.ਐੱਫ. ਦੀ 117 ਬਟਾਲੀਅਨ ਵਲੋਂ ਇਹ ਪੈਕਟ ਪੁਲਿਸ ਥਾਣਾ ਰਮਦਾਸ ਦੇ ਹਵਾਲੇ ਕਰ ਦਿੱਤਾ ਗਿਆ।



ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਆਯੁਸ਼ਮਾਨ ਕਾਰਡ ਵੰਡਦੇ ਹੋਏ। ਤਸਵੀਰ: ਹਰਜੀਤ ਸਿੰਘ

## ਪੰਜਾਬ 'ਚ 87 ਲੱਖ ਲੋਕ ਕੇਂਦਰ ਦੀ ਆਯੁਸ਼ਮਾਨ ਭਾਰਤ ਯੋਜਨਾ ਦਾ ਲਾਭ ਲੈ ਰਹੇ ਹਨ- ਚੁੱਘ

ਅੰਮ੍ਰਿਤਸਰ, 8 ਦਸੰਬਰ (ਹਰਮਿੰਦਰ ਸਿੰਘ)- ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਆਪਣੇ ਅੰਮ੍ਰਿਤਸਰ ਸਥਿਤ ਦਫ਼ਤਰ ਵਿਖੇ ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਤਹਿਤ ਆਉਂਦੇ ਲਾਭਪਾਤਰੀਆਂ ਨੂੰ ਆਯੂਸ਼ਮਾਨ ਕਾਰਡ ਵੰਡੇ ਗਏ। ਇਸ ਮੌਕੇ ਗੱਲਬਾਤ ਕਰਦਿਆਂ ਚੁੱਘ ਨੇ ਕਿਹਾ ਕਿ ਭਾਜਪਾ ਇਕ ਅਜਿਹੀ ਪਾਰਟੀ ਹੈ ਜੋ 24 ਘੰਟੇ 365 ਦਿਨ ਆਮ ਲੋਕਾਂ 'ਚ ਰਹਿੰਦੀ ਹੈ ਅਤੇ ਉਨ੍ਹਾਂ ਦੀ ਸੇਵਾ ਕਰਦੀ ਹੈ। ਉਨ੍ਹਾਂ ਦੱਸਿਆ ਕਿ ਆਯੂਸ਼ਮਾਨ ਭਾਰਤ ਸਕੀਮ ਤਹਿਤ ਦੇਸ਼ ਭਰ 'ਚ ਹੁਣ ਤੱਕ 35 ਕਰੋੜ ਆਯੂਸ਼ਮਾਨ ਕਾਰਡ ਜਾਰੀ ਕੀਤੇ ਜਾ ਚੁੱਕੇ ਹਨ, ਜਿਨ੍ਹਾਂ 'ਚੋਂ ਪੰਜਾਬ ਦੇ 87 ਲੱਖ ਲੋਕ ਲਾਭ ਲੈ ਰਹੇ ਹਨ ਅਤੇ ਇਸ ਸਕੀਮ ਰਾਹੀਂ ਦੇਸ਼ ਭਰ ਵਿਚ 7 ਕਰੋੜ ਤੋਂ ਵੱਧ ਲੋਕਾਂ ਦਾ ਇਲਾਜ ਹੋ ਚੁੱਕਾ ਹੈ। ਇਹ ਮਨੁੱਖੀ ਇਤਿਹਾਸ 'ਚ ਸਭ ਤੋਂ ਵੱਡੀ ਸਿਹਤ ਲਾਭ ਯੋਜਨਾ ਹੈ। ਇਸ ਪ੍ਰੋਗਰਾਮ ਵਿਚ ਮੌਜੂਦ ਸਾਬਕਾ ਕੂਟਨੀਤਕ ਅਤੇ ਅੰਮ੍ਰਿਤਸਰ ਲੋਕ ਸਭਾ ਤੋਂ ਭਾਜਪਾ ਦੇ ਉਮੀਦਵਾਰ ਰਹੇ ਤਰਨਜੀਤ ਸਿੰਘ ਸੰਧੂ ਨੇ ਤਰੁਣ ਚੁੱਘ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਅੰਮ੍ਰਿਤਸਰ ਕੇਂਦਰੀ ਵਿਧਾਨ ਸਭਾ ਦੇ ਸਾਰੇ ਬਜ਼ੁਰਗਾਂ ਅਤੇ ਬਜ਼ੁਰਗ ਨਾਗਰਿਕਾਂ ਦਾ ਖਿਆਲ ਰੱਖਦੇ ਹੋਏ ਉਨ੍ਹਾਂ ਨੂੰ ਇਸ ਲੋਕ ਭਲਾਈ ਸਕੀਮ ਨਾਲ ਜੋੜਨ ਦਾ ਯਤਨ ਕੀਤਾ ਜਾ ਰਿਹਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਇਹ ਕੋਸ਼ਿਸ਼ ਸ਼ਲਾਘਾਯੋਗ ਹੈ, ਅੱਜ ਪੂਰੀ ਦੁਨੀਆ ਭਾਰਤ ਵੱਲ ਦੇਖ ਰਹੀ ਹੈ। ਇਸ ਮੌਕੇ ਰਾਜਿੰਦਰ ਮੋਹਨ ਸਿੰਘ ਛੀਨਾ, ਸਾਬਕਾ ਮੇਅਰ ਬਖਸ਼ੀ ਰਾਮ ਅਰੋੜਾ, ਸੂਬਾ ਵਰਕਿੰਗ ਕਮੇਟੀ ਮੈਂਬਰ ਮਾਨਵ ਤਨੇਜਾ, ਭਾਜਪਾ ਜ਼ਿਲ੍ਹਾ ਮੀਤ ਪ੍ਰਧਾਨ ਸਰਬਜੀਤ ਸਿੰਘ ਸ਼ੰਟੀ, ਚੰਦਰਸ਼ੇਖਰ ਸ਼ਰਮਾ, ਹੇਮੰਤ ਮਹਿਰਾ, ਤਰਵਿੰਦਰ ਬਿੱਲਾ, ਦਵਿੰਦਰ ਹੀਰਾ, ਰਾਜੇਸ਼ ਮਹਿਤਾ, ਡਾ: ਲਵਿੰਦਰ ਬੰਟੀ, ਸਚਿਨ ਮਹਿਰਾ, ਰੋਮੀ ਚੋਪੜਾ, ਤਰੁਣ ਅਰੋੜਾ, ਸ਼ਿਵ ਕੁਮਾਰ ਸ਼ਰਮਾ, ਸੁਰਿੰਦਰ ਮੋਹਨ ਬਾਵਾ, ਅਰੁਣ ਖੰਨਾ, ਅਸ਼ੋਕ ਮਨਚੰਦਾ, ਸੁਨੀਲ ਸਹਿਗਲ, ਪ੍ਰਮੋਦ ਗੁਪਤਾ, ਦਵਿੰਦਰ ਬੌਬੀ, ਸੁਰੇਸ਼ ਕਪੂਰ, ਵਿਸ਼ਾਲ ਸ਼ੂਰ, ਵਰਿੰਦਰ ਧੁੰਨਾ, ਸੁਰਿੰਦਰ , ਯਸ਼ਪਾਲ ਬਿੱਟੂ ਆਦਿ ਹਾਜ਼ਰ ਸਨ।

## ਸੁਖਬੀਰ ਬਾਦਲ ਤੇ ਹੋਰਨਾਂ ਦੇ ਅਸਤੀਫ਼ੇ ਪ੍ਰਵਾਨ ਨਾ ਕਰਨ ਅਕਾਲੀ ਵਾਲੇ ਆਗੂਆਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਤਲਬ ਕੀਤਾ ਜਾਵੇ-ਭੋਮਾ

ਅੰਮ੍ਰਿਤਸਰ, 8 ਦਸੰਬਰ (ਹਰਮਿੰਦਰ ਸਿੰਘ)–ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਨੇ ਇਕ ਬਿਆਨ ਰਾਹੀ ਕਿਹਾ ਕਿ 2 ਦਸੰਬਰ ਨੂੰ ਸੁਖਬੀਰ ਸਿੰਘ ਬਾਦਲ ਤੇ ਬਾਕੀ ਅਕਾਲੀ ਆਗੂਆਂ ਨੂੰ ਧਾਰਮਿਕ ਤਨਖਾਹ ਲਗਾਉਣ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਅਹਿਮ ਫੈਸਲਾ ਸੁ ਣਾਉ ਂਦਿਆਂ ਸਿੰਘ ਸਾਹਿਬਾਨ ਨੇ ਸ਼੍ਰੋਮਣੀ ਅਕਾਲੀ ਦਲ ਦੀ ਛੇ ਮਹੀਨਿਆਂ ਦੇ ਅੰਦਰ ਪੁਨਰ ਸੁਰਜੀਤੀ ਤੇ ਨਵੀਂ ਭਰਤੀ ਕਰਨ ਲਈ ਸੱਤ ਮੈਂਬਰੀ ਕਮੇਟੀ ਦਾ ਗਠਨ ਕਰਕੇ ਸੁਖਬੀਰ ਸਿੰਘ ਬਾਦਲ ਤੇ ਬਾਕੀ ਅਕਾਲੀ ਆਗੂਆਂ ਦੇ ਅਸਤੀਫੇ ਤਿੰਨ ਦਿਨਾਂ 'ਚ ਪ੍ਰਵਾਨ ਕਰਕੇ ਇਸਦੀ ਰਿਪੋਰਟ ਤੁਰੰਤ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਕਰਨ ਦੇ ਆਦੇਸ਼ ਕੀਤੇ ਸਨ। ਪਰ 6 ਦਿਨ ਬੀਤ ਜਾਣ ਦੇ ਬਾਵਜੂਦ ਵੀ ਅਕਾਲੀ ਦਲ ਨੇ ਜਥੇਦਾਰ ਦੇ ਆਦੇਸ਼ ਦੀ ਪ੍ਰਵਾਹ ਨਾ ਕਰਦੇ ਹੋਏ ਸੁਖਬੀਰ ਬਾਦਲ ਤੇ ਬਾਕੀ ਆਗੂਆਂ ਦੇ ਅਸਤੀਫੇ ਪ੍ਰਵਾਨ ਨਾ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਇਕ ਵਾਰ ਮੁੜ ਤੌਹੀਨ ਕੀਤੀ ਹੈ । ਉਨ੍ਹਾਂ ਪੰਜ ਸਿੰਘ ਸਾਹਿਬਾਨ ਨੂੰ ਅਪੀਲ ਕਰਦਿਆਂ ਕਿਹਾ ਇਸਦਾ ਸਖਤ ਨੋਟਿਸ ਲੈਣਾ ਚਾਹੀਦਾ ਹੈ ਅਤੇ ਅਕਾਲੀ ਦਲ ਦੀ ਲੀਡਰਸ਼ਿਪ ਨੂੰ ਤੁਰੰਤ ਸ੍ਰੀ ਅਕਾਲ ਤਖਤ ਸਾਹਿਬ 'ਤੇ ਤਲਬ ਕਰਨਾ ਚਾਹੀਦਾ ਹੈ।



ਮਨਜੀਤ ਸਿੰਘ ਭੋਮਾ ਦੀ ਤਸਵੀਰ



ਨਿਊ ਅੰਮ੍ਰਿਤਸਰ ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਵਿਧਾਇਕ ਮੈਡਮ ਜੀਵਨਜੋਤ ਕੌਰ, ਚੇਅਰਮੈਨ ਅਸ਼ੋਕ ਤਲਵਾੜ ਅਤੇ ਹੋਰ। ਤਸਵੀਰ : ਗੁਰਨਾਮ ਸਿੰਘ ਬੁੱਟਰ

## ਭਾਈ ਗੁਰਦਾਸ ਜੀ ਨਗਰ ਨਿਊ ਅੰਮ੍ਰਿਤਸਰ ਵਿਖੇ ਵਿਧਾਇਕ ਅਤੇ ਚੇਅਰਮੈਨ ਵਲੋਂ ਵਿਕਾਸ ਕਾਰਜਾਂ ਦੇ ਸਵਾ ਕਰੋੜ ਦੇ ਕੰਮਾਂ ਨੂੰ ਹਰੀ ਝੰਡੀ

ਸੁਲਤਾਨਵਿੰਡ, 8 ਦਸੰਬਰ (ਗੁਰਨਾਮ ਸਿੰਘ ਬੁੱਟਰ)–ਹਲਕਾ ਪੂਰਬੀ ਦੇ ਅਧੀਨ ਆਉਂਦੇ ਭਾਈ ਗੁਰਦਾਸ ਜੀ ਨਗਰ ਨਿਊ ਅੰਮ੍ਰਿਤਸਰ ਵਿਖੇ ਹਾਊਸਫੈਡ ਫਲੈਟ ਅਤੇ ਮੇਨ ਮਾਰਕੀਟ ਵਿਚ ਪਾਰਕਿੰਗ, ਫੁੱਟਪਾਥ, ਸਟ੍ਰੀਟ ਲਾਈਟਾਂ ਅਤੇ ਸੜਕ ਤੇ ਲੁੱਕ ਪਾਉਣ ਲਈ ਵਿਕਾਸ ਕਾਰਜਾਂ ਦਾ ਉਦਘਾਟਨ ਹਲਕਾ ਵਿਧਾਇਕ ਮੈਡਮ ਜੀਵਨਜੋਤ ਕੌਰ ਅਤੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਅਸ਼ੋਕ ਤਲਵਾਰ ਵਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਅਸ਼ੋਕ ਤਲਵਾਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਚੁਣੀ ਹੋਈ ਪਾਰਟੀ ਹੈ ਅਤੇ ਲੋਕਾਂ ਦੀ ਸੇਵਾ ਲਈ ਵਚਨਬੱਧ ਹਾਂ ਉਨ੍ਹਾਂ ਕਿਹਾ ਕਿ 32 ਲੱਖ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਹਾਊਸਫੈਡ ਫਲੈਟਾਂ ਵਿਚ ਅਤੇ 92 ਲੱਖ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਮੇਨ ਮਾਰਕੀਟ ਨਿਊ ਅੰਮ੍ਰਿਤਸਰ ਵਿਚ ਕੀਤਾ ਗਿਆ ।

ਇਸ ਮੌਕੇ ਐਡਵੋਕੇਟ ਰਮਨ , ਸੁੱਖ ਹੁੰਦਲ, ਵਿਕਰਮਜੀਤ ਵਿੱਕੀ, ਰੌਸ਼ਨ ਸਿੰਘ, ਜਤਿੰਦਰ ਸਿੰਘ ਨਾਗੀ ਅਤੇ ਕਲੋਨੀ ਦੇ ਇਲਾਕਾ ਵਾਸੀ ਹਾਜ਼ਰ ਸਨ। ਇਸ ਮੌਕੇ ਵਿਧਾਇਕ ਅਤੇ ਚੇਅਰਮੈਨ ਨੇ ਕਿਹਾ ਕਿ ਟਰੱਸਟ ਵਲੋਂ ਵਿਕਾਸ ਕਾਰਜਾਂ ਦੇ ਕੰਮਾਂ ਵਿਚ ਕੋਈ ਬਾਕੀ ਕਸਰ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਜਿਹੜੀਆਂ ਵੀ ਕੋਈ ਹੋਰ ਮੁਸ਼ਕਿਲਾਂ ਹੋਣਗੀਆਂ ਉਨ੍ਹਾਂ ਨੂੰ ਵੀ ਜਲਦ ਪੂਰਾ ਕੀਤਾ ਜਾਵੇਗਾ।








ਸੰਬੋਧਨ ਕਰਦੇ ਹੋਏ ਹਰਪਾਲ ਸਿੰਘ ਚੀਮਾ, ਨਾਲ ਕੁਲਦੀਪ ਸਿੰਘ ਧਾਲੀਵਾਲ, ਕਰਨ ਗਿਲਹੋਤਰਾ, ਨਵੀਨ ਸੇਠ, ਸੂਦ, ਸੋਨੀਆ ਮਾਨ, ਜੈਦੀਪ ਸਿੰਘ। (ਵਿਚਕਾਰ) ਪੰਜਾਬੀ ਸੱਭਿਆਚਾਰ ਨਾਲ ਸੰਬੰਧਿਤ ਸਟਾਲ 'ਤੇ ਫੁਲਕਾਰੀ ਵੇਖਦੇ ਹੋਏ ਹਰਪਾਲ ਸਿੰਘ ਚੀਮਾ, ਕੁਲਦੀਪ ਸਿੰਘ ਧਾਲੀਵਾਲ ਅਤੇ ਹੋਰ। (ਸੱਜੇ) ਪਾਈਟੈਕਸ 'ਚ ਟਰੈਕਟਰ 'ਤੇ ਬੈਠੇ ਹਨ ਹਰਪਾਲ ਸਿੰਘ ਚੀਮਾ, ਕੁਲਦੀਪ ਸਿੰਘ ਧਾਲੀਵਾਲ, ਕਰਨ ਗਿਲਹੋਤਰਾ, ਨਵੀਨ ਸੇਠ, ਸੂਦ, ਸੋਨੀਆ ਮਾਨ, ਜੈਦੀਪ ਸਿੰਘ। ਤਸਵੀਰ : ਹਰਜੀਤ ਸਿੰਘ

## ਸੁਖਬੀਰ ਸਿੰਘ ਬਾਦਲ ਅਤੇ ਹੋਰ ਆਗੂਆਂ ਦੇ ਅਸਤੀਫ਼ੇ ਪ੍ਰਵਾਨ ਕਰਨ ਦੇ ਮਾਮਲੇ 'ਚ ਵਰਕਿੰਗ ਕਮੇਟੀ ਨੂੰ ਮਿਲਿਆ ਸਮਾਂ

ਅੰਮ੍ਰਿਤਸਰ, 8 ਦਸੰਬਰ (ਹਰਮਿੰਦਰ ਸਿੰਘ)–ਸਿੰਘ ਸਾਹਿਬਾਨ ਵਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 2 ਦਸੰਬਰ ਨੂੰ ਸੁਖਬੀਰ ਸਿੰਘ ਬਾਦਲ ਅਤੇ ਹੋਰ ਅਕਾਲੀ ਆਗੂਆਂ ਨੂੰ ਧਾਰਮਿਕ ਸੇਵਾ ਲਗਾਉਣ ਦੇ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੀ ਵਰਕਿੰਗ ਕਮੇਟੀ ਨੂੰ ਸੁਖਬੀਰ ਬਾਦਲ ਅਤੇ ਹੋਰਾਂ ਦੇ ਆਏ ਅਸਤੀਫ਼ੇ ਤਿੰਨ ਦਿਨਾਂ 'ਚ ਪ੍ਰਵਾਨ ਕਰਕੇ ਇਸ ਦੀ ਰਿਪੋਰਟ ਦੇਣ ਸੰਬੰਧੀ ਕੀਤੇ ਆਦੇਸ਼ਾਂ 'ਚ ਰਾਹਤ ਦਿੰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਵਰਕਿੰਗ ਕਮੇਟੀ ਨੂੰ 20 ਦਸੰਬਰ ਤੱਕ ਬੈਠਕ ਕਰਕੇ ਅਸਤੀਫਿਆਂ ਨੂੰ ਪ੍ਰਵਾਨ ਕਰਨ ਅਤੇ ਇਸ ਦੀ ਰਿਪੋਰਟ ਦੇਣ ਲਈ ਸਮਾਂ ਦੇ ਦਿੱਤਾ ਹੈ। ਭਾਵੇਂ ਕਿ ਇਸ ਸੰਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵਲੋਂ ਲਿਖਤ ਰੂਪ ਵਿਚ ਮੀਡੀਆ ਨੂੰ ਜਾਣਕਾਰੀ ਨਹੀਂ ਦਿੱਤੀ ਗਈ ਪਰ ਸੂਤਰਾਂ ਵਲੋਂ ਦੱਸਿਆ ਜਾ ਰਿਹਾ ਹੈ ਕਿ ਪੰਜ ਸਿੰਘ ਸਾਹਿਬਾਨ ਵਲੋਂ 2 ਦਸੰਬਰ ਨੂੰ ਸੁਣਾਏ ਗਏ ਫੈਸਲੇ ਤੋਂ ਉਪਰੰਤ ਸ਼੍ਰੋਮਣੀ ਕਮੇਟੀ ਦੀ ਵਰਕਿੰਗ ਕਮੇਟੀ ਵਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਸਤੀਫ਼ੇ ਪ੍ਰਵਾਨ ਕਰਨ ਅਤੇ ਇਸ ਦੀ ਰਿਪੋਰਟ ਦੇਣ ਸੰਬੰਧੀ ਕੁਝ ਸਮਾਂ ਮੰਗਿਆ ਗਿਆ ਸੀ। ਜਿਸ ਉਪਰੰਤ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਅਸਤੀਫਿਆਂ ਦੀ ਪ੍ਰਵਾਨਗੀ ਲਈ ਵਰਕਿੰਗ ਕਮੇਟੀ ਨੂੰ 20 ਦਸੰਬਰ ਦਾ ਸਮਾਂ ਦਿੱਤਾ ਗਿਆ ਹੈ। ਇਸ ਦੀ ਪੁਸ਼ਟੀ ਕਰਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਡਾ: ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਅਸਤੀਫਿਆਂ 'ਤੇ ਵਿਚਾਰ ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਵਰਕਿੰਗ ਕਮੇਟੀ ਨੂੰ 20 ਦਸੰਬਰ ਤੱਕ ਦਾ ਸਮਾਂ ਮਿਲ ਗਿਆ ਹੈ। ਇਸ ਅਰਸੇ ਦੌਰਾਨ ਸਿੰਘ ਸਾਹਿਬ ਵਲੋਂ ਸੁਖਬੀਰ ਸਿੰਘ ਬਾਦਲ ਅਤੇ ਹੋਰਨਾਂ ਨੂੰ ਲਗਾਈ ਗਈ ਧਾਰਮਿਕ ਸੇਵਾ ਵੀ ਪੂਰੀ ਹੋ ਜਾਵੇਗੀ।

# ਰਾਜ ਦੇ ਉਦਯੋਗਾਂ ਨੂੰ ਦਿੱਤੀ 3 ਹਜ਼ਾਰ ਕਰੋੜ ਤੋਂ ਵੱਧ ਦੀ ਬਿਜਲੀ ਸਬਸਿਡੀ-ਹਰਪਾਲ ਚੀਮਾ

*** ਪੰਜਾਬ ਦੇ ਮੈਟਰੋ ਸ਼ਹਿਰਾਂ 'ਚ ਜਲਦ ਸ਼ੁਰੂ ਹੋਣਗੇ ਪ੍ਰਦਰਸ਼ਨੀ ਸੈਂਟਰ * ਵਿੱਤ ਮੰਤਰੀ ਨੇ ਪਾਈਟੈਕਸ ਦਾ ਦੌਰਾ ਕਰ ਕੇ ਕਾਰੋਬਾਰੀਆਂ ਨੂੰ ਕੀਤਾ ਉਤਸ਼ਾਹਿਤ**

ਅੰਮ੍ਰਿਤਸਰ, 8 ਦਸੰਬਰ (ਸੁਰਿੰਦਰ ਕੋਛੜ)–ਅੰਮ੍ਰਿਤਸਰ ਵਿਖੇ ਚੱਲ ਰਹੇ 18ਵੇਂ ਪੰਜਾਬ ਇੰਟਰਨੈਸ਼ਨਲ ਟਰੇਡ ਐਕਸਪੋ ਦੇ ਸਮਾਪਤੀ ਅਤੇ ਇਨਾਮ ਵੰਡ ਸਮਾਰੋਹ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਉਦਯੋਗਾਂ ਨੂੰ ਉਤਸ਼ਾਹਿਤ ਕਰਨ ਲਈ ਕਈ ਸਕੀਮਾਂ ਲਾਗੂ ਕੀਤੀਆਂ ਹਨ ਅਤੇ ਹੁਣ ਤੱਕ ਉਦਯੋਗਾਂ ਨੂੰ 3 ਹਜ਼ਾਰ ਕਰੋੜ ਤੋਂ ਵੱਧ ਦੀ ਬਿਜਲੀ ਸਬਸਿਡੀ ਦਿੱਤੀ ਜਾ ਚੁੱਕੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਮੈਟਰੋ ਸ਼ਹਿਰਾਂ 'ਚ ਜਲਦ ਹੀ ਪ੍ਰਦਰਸ਼ਨੀ ਸੈਂਟਰਾਂ ਦੀ ਉਸਾਰੀ ਮੁਕੰਮਲ ਕਰ ਲਵੇਗੀ ਤਾਂ ਜੋ ਸੂਬੇ ਦੇ ਵੱਖ-ਵੱਖ ਸ਼ਹਿਰਾਂ 'ਚ ਪਾਈਟੈਕਸ ਵਰਗੇ ਸਮਾਗਮ ਕਰਵਾਉਣੇ ਆਸਾਨ ਹੋ ਸਕਣ। ਵਿੱਤ ਮੰਤਰੀ ਚੀਮਾ ਨੇ ਪਾਈਟੈਕਸ ਵਿਖੇ ਪੰਜਾਬ ਸਰਕਾਰ ਵਲੋਂ ਲਗਾਏ ਗਏ ਸਟਾਲਾਂ ਦਾ ਨਿਰੀਖਣ ਕਰਨ ਉਪਰੰਤ ਕਿਹਾ ਕਿ ਪੰਜਾਬ ਹੁਣ ਰੰਗਲਾ ਪੰਜਾਬ ਬਣਨ ਵੱਲ ਤੇਜ਼ੀ ਨਾਲ ਵਧ ਰਿਹਾ ਹੈ। ਪਾਈਟੈਕਸ 'ਚ ਮਹਿਲਾ ਉੱਦਮੀਆਂ, ਗੁਆਂਢੀ ਰਾਜਾਂ ਅਤੇ ਗੁਆਂਢੀ ਦੇਸ਼ਾਂ ਦੀ ਸ਼ਮੂਲੀਅਤ ਇਸ ਗੱਲ ਦਾ ਸਬੂਤ ਹੈ ਕਿ ਕਾਰੋਬਾਰੀਆਂ ਨੇ ਹੁਣ ਪੰਜਾਬ ਨੂੰ ਆਪਣੀ ਮੰਜ਼ਿਲ ਬਣਾ ਲਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਨਵੀਂ ਉਦਯੋਗਿਕ ਨੀਤੀ ਲਾਗੂ ਹੋਣ ਤੋਂ ਬਾਅਦ ਪੰਜਾਬ 'ਚ ਉਦਯੋਗਾਂ ਨੂੰ ਵਿਸ਼ੇਸ਼ ਰਿਆਇਤਾਂ ਦਿੱਤੀਆਂ ਜਾ ਰਹੀਆਂ ਹਨ, ਜਿਸ ਕਾਰਨ ਪੰਜਾਬ 'ਚ ਨਿਵੇਸ਼ ਕਈ ਗੁਣਾ ਵਧਿਆ ਹੈ। ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ ਐੱਨ. ਆਰ. ਆਈ. ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਰਿਪੋਰਟ 'ਚ ਇਹ ਮੰਨਿਆ ਗਿਆ ਹੈ ਕਿ ਐੱਮ. ਐੱਸ. ਐੱਮ. ਈ. ਦੇ ਖੇਤਰ 'ਚ ਪੰਜਾਬ ਦੇਸ਼ ਦਾ ਮੋਹਰੀ ਸੂਬਾ ਬਣ ਗਿਆ ਹੈ। ਉਨ੍ਹਾਂ ਕਿਹਾ ਕਿ ਬਹੁਤ ਜਲਦੀ ਨਵੀਂ ਉਦਯੋਗਿਕ ਨੀਤੀ ਰਾਹੀਂ ਸੂਬੇ 'ਚ ਨਵੇਂ ਸਥਾਪਤ ਹੋਣ ਵਾਲੇ ਉਦਯੋਗਾਂ ਅਤੇ ਗੁਆਂਢੀ ਰਾਜਾਂ ਤੋਂ ਪੰਜਾਬ 'ਚ ਆਉਣ ਵਾਲੇ ਉਦਯੋਗਾਂ ਨੂੰ ਵਿਸ਼ੇਸ਼ ਰਿਆਇਤਾਂ ਦਿੱਤੀਆਂ ਜਾਣਗੀਆਂ। ਇਸ ਸਮਾਗਮ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵਲੋਂ ਸਾਂਝੇ ਤੌਰ 'ਤੇ ਬੈਸਟ ਡਿਸਪਲੇਅ ਇੰਡੋਰ ਦਾ ਐਵਾਰਡ ਮਕੀਨ ਅਤੇ ਆਊਟਡੋਰ ਦਾ ਐਵਾਰਡ ਨਾਵਲਟੀ ਹੁੰਡਈ ਨੂੰ ਦਿੱਤਾ ਗਿਆ। ਪ੍ਰੋਗਰਾਮ ਦੌਰਾਨ ਪੀ. ਐੱਚ. ਡੀ. ਸੀ. ਸੀ. ਆਈ. ਪੰਜਾਬ ਚੈਪਟਰ ਦੇ ਚੇਅਰ ਕਰਨ ਗਿਲਹੋਤਰਾ, ਉਪ ਸਕੱਤਰ ਨਵੀਨ ਸੇਠ, ਖੇਤਰੀ ਨਿਰਦੇਸ਼ਕ ਭਾਰਤੀ ਸੂਦ, ਪੰਜਾਬੀ ਗਾਇਕਾ ਸੋਨੀਆ ਮਾਨ, ਸਥਾਨਕ ਕੋਆਰਡੀਨੇਟਰ ਜੈਦੀਪ ਸਿੰਘ ਅਤੇ ਕਈ ਹੋਰ ਪਤਵੰਤੇ ਹਾਜ਼ਰ ਸਨ।






ਪਲਸ ਪੋਲਿਓ ਮੁਹਿੰਮ ਤਹਿਤ ਇਕ ਬੱਚੇ ਨੂੰ ਪੋਲਿਓ ਬੂੰਦਾਂ ਪਿਲਾਉਣ ਮੌਕੇ ਅਤੇ ਜਾਗਰੂਕ ਕਰਨ ਲਈ ਸਿਵਲ ਸਰਜਨ ਡਾ. ਕਿਰਨਦੀਪ ਕੌਰ ਵਲੋਂ ਸਿਵਲ ਹਸਪਤਾਲ ਤੋਂ ਰੈਲੀ ਨੂੰ ਹਰੀ ਝੰਡੀ ਦਿੰਦੇ ਹੋਏ। ਤਸਵੀਰਾਂ : ਹਰਜੀਤ ਸਿੰਘ

# ਸਿਹਤ ਵਿਭਾਗ ਵਲੋਂ ਪਲਸ ਪੋਲਿਓ ਮੁਹਿੰਮ ਦਾ ਕੀਤਾ ਆਗਾਜ਼

**1 ਲੱਖ 92 ਹਜ਼ਾਰ ਬੱਚਿਆਂ ਨੂੰ ਤਿੰਨ ਦਿਨਾ 'ਚ ਪਿਲਾਈਆਂ ਜਾਣਗੀਆਂ ਪੋਲਿਓ ਬੂੰਦਾਂ**

ਅੰਮ੍ਰਿਤਸਰ, 8 ਦਸੰਬਰ (ਰੇਸ਼ਮ ਸਿੰਘ)–ਵਿਸ਼ਵ ਸਿਹਤ ਸੰਗਠਨ ਵਲੋਂ ਪਲਸ ਪੋਲੀਓ ਰਾਊਂਡ ਦੇ ਤਹਿਤ ਆਮ ਲੋਕਾਂ ਨੂੰ ਪੋਲਿਓ ਤੋਂ ਸੁਰੱਖਿਅਤ ਕਰਨ ਲਈ ਅਤੇ ਘਰ-ਘਰ ਵਿਚ ਪਲਸ ਪੋਲਿਓ ਮੁਹਿੰਮ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਲਈ ਸਿਵਲ ਸਰਜਨ ਡਾ. ਕਿਰਨਦੀਪ ਕੌਰ ਵਲੋਂ ਸਿਵਲ ਹਸਪਤਾਲ ਵਿਖੇ ਤੋਂ ਇਕ ਆਟੋ ਰਿਕਸ਼ਾ ਰੈਲੀ ਨੂੰ ਹਰੀ ਝੰਡੀ ਦੇ ਕੇ ਸ਼ਹਿਰ ਦੇ ਵੱਖ-ਵੱਖ ਹਿਸਿਆਂ ਵਿਚ ਜਾਗਰੂਕਤਾ ਲਈ ਰਵਾਨਾ ਕੀਤਾ ਅਤੇ ਨਾਲ ਹੀ ਇਕ ਛੋਟੇ ਬੱਚੇ ਨੂੰ ਪੋਲਿਓ ਬੂੰਦਾਂ ਪਿਲਾ ਕੇ ਇਸ ਮੁਹਿੰਮ ਦਾ ਸ਼ੁਭ ਆਰੰਭ ਕੀਤਾ। ਡਾ. ਕਿਰਨਦੀਪ ਕੌਰ ਨੇ ਕਿਹਾ ਕਿ ਇਸ ਮੁਹਿੰਮ ਦੌਰਾਣ ਮਿਤੀ 8, 9 ਅਤੇ 10 ਦਸੰਬਰ ਨੂੰ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਪਹਿਲੇ ਦਿਨ ਬੂਥ ਲਗਾ ਕੇ ਅਤੇ ਬਾਕੀ ਦੇ ਦੋ ਦਿਨ ਘਰ-ਘਰ ਵਿਚ ਜਾ ਕੇ 0 ਤੋਂ 5 ਸਾਲ ਤੱਕ ਦੇ ਸਾਰੇ ਬੱਚਿਆਂ ਨੂੰ ਪੋਲਿਓ ਦੀਆਂ ਬੂੰਦਾਂ ਪਿਲਾਉਣਗੀਆਂ। ਉਨ੍ਹਾਂ ਕਿਹਾ ਕਿ ਬੇਸ਼ਕ ਭਾਰਤ ਪੋਲਿਓ ਮੁਕਤ ਦੇਸ਼ਾਂ ਦੀ ਗਿਣਤੀ ਵਿਚ ਆ ਚੁੱਕਾ ਹੈ, ਪਰ ਫਿਰ ਵੀ ਇਸ ਮੁਕਾਮ ਨੂੰ ਬਰਕਰਾਰ ਰੱਖਣ ਲਈ ਵਿਸ਼ਵ ਸਿਹਤ ਸੰਗਠਨ ਵਲੋਂ ਇਹ ਰਾਊਂਡ ਚਲਾਏ ਜਾ ਰਹੇ ਹਨ। ਪਾਕਿਸਤਾਨ ਅਤੇ ਅਫਗਾਨਿਸਤਾਨ ਗੁਆਂਢੀ ਦੇਸ਼ਾਂ ਵਿਚ ਵਾਇਰਲ ਪੋਲਿਓ ਵਾਇਰਸ ਹੋਣ ਕਾਰਕੇ ਇਹ ਖ਼ਤਰਾ ਬਣਿਆ ਰਹਿੰਦਾ ਹੈ। ਇਸ ਲਈ ਸਮੇਂ ਸਮੇਂ ਤੇ ਇਹ ਰਾਊਂਡ ਚਲਾਏ ਜਾ ਰਹੇ ਹਨ ਜ਼ਿਲ੍ਹਾ ਟੀਕਾਕਰਣ ਅਫਸਰ ਡਾ. ਭਾਰਤੀ ਧਵਨ ਨੇ ਇਸ ਅਵਸਰ ਤੇ ਜਾਣਕਾਰੀ ਦਿੰਦਿਆਂ ਕਿਹਾ ਕਿ ਜ਼ਿਲ੍ਹੇ ਦੇ 27 ਲੱਖ 82 ਹਜ਼ਾਰ 768 ਅਬਾਦੀ ਦੇ 5 ਲੱਖ 49 ਹਜ਼ਾਰ 027 ਘਰਾਂ ਵਿਚ ਰਹਿੰਦੇ 0 ਤੋਂ 5 ਸਾਲ ਦੇ 1 ਲੱਖ 92 ਹਜ਼ਾਰ 487 ਬੱਚਿਆਂ ਨੂੰ 1474 ਬੂਥਾਂ ਅਤੇ 2856 ਟੀਮਾਂ ਵਲੋਂ ਪੋਲਿਓ ਦੀਆਂ 2 ਬੂੰਦਾਂ ਪਿਲਾਈਆਂ ਜਾਣਗੀਆਂ ਅਤੇ 279 ਸੁਪਰਵਾਈਜ਼ਰਾਂ ਵਲੋਂ ਇਨ੍ਹਾਂ ਟੀਮਾਂ ਦਾ ਨਿਰੀਖਣ ਕੀਤਾ ਜਾਵੇਗਾ। ਇਸ ਅਵਸਰ ਤੇ ਸਹਾਇਕ ਸਿਵਲ ਸਰਜਨ ਡਾ. ਰਜਿੰਦਰ ਪਾਲ ਕੌਰ, ਪਰਿਵਾਰ ਭਲਾਈ ਅਫਸਰ ਡਾ. ਨੀਲਮ ਭਗਤ, ਸਿਹਤ ਅਫਸਰ ਡਾ. ਜਸਪਾਲ ਸਿੰਘ, ਸੀਨੀਅਰ ਮੈਡੀਕਲ ਅਫਸਰ ਸਵਰਨਜੀਤ ਧਵਨ, ਸੀਨੀਅਰ ਮੈਡੀਕਲ ਅਫਸਰ ਰਸ਼ਮੀ ਵਿਜ, ਡਬਯੂ.ਐੱਚ.ਓ. ਵਲੋਂ ਡਾ. ਇਸ਼ਿਤਾ, ਐੱਮ.ਈ.ਆਈ.ਓ. ਅਮਰਦੀਪ ਸਿੰਘ, ਡਾ. ਰਾਘਵ ਜੋਸ਼ੀ ਆਦਿ ਹਾਜ਼ਰ ਸਨ।





ਪਾਈਟੈਕਸ ਮੇਲੇ 'ਚ ਲੋਕਾਂ ਦੀ ਲੱਗੀ ਭੀੜ ਦੇ ਦ੍ਰਿਸ਼। ਤਸਵੀਰਾਂ : ਹਰਜੀਤ ਸਿੰਘ

# ਪਾਈਟੈਕਸ 'ਚ ਪਹੁੰਚੇ ਇਕ ਲੱਖ 28 ਹਜ਼ਾਰ ਲੋਕ

**ਅੰਮ੍ਰਿਤਸਰ ਵਾਸੀਆਂ ਨੇ ਸਾਰਾ ਦਿਨ ਪਰਿਵਾਰਾਂ ਨਾਲ ਮੇਲੇ ਦਾ ਮਾਣਿਆ ਅਨੰਦ**

ਅੰਮ੍ਰਿਤਸਰ, 8 ਦਸੰਬਰ (ਸੁਰਿੰਦਰ ਕੋਛੜ)–ਪੀ. ਐੱਚ. ਡੀ. ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ ਵਲੋਂ ਕੀਤੇ ਰਹੇ 18ਵੇਂ ਪਾਈਟੈਕਸ ਦੌਰਾਨ ਜਿੱਥੇ ਅੱਜ ਐਤਵਾਰ ਨੂੰ ਛੁੱਟੀ ਵਾਲੇ ਦਿਨ ਸ਼ਹਿਰ ਵਾਸੀਆਂ ਨੇ ਖ਼ੂਬ ਮਸਤੀ ਕੀਤੀ, ਉੱਥੇ ਹੀ ਅੰਮ੍ਰਿਤਸਰ ਤੋਂ ਇਲਾਵਾ ਤਰਨਤਾਰਨ, ਗੁਰਦਾਸਪੁਰ, ਪਠਾਨਕੋਟ ਅਤੇ ਜਲੰਧਰ ਤੋਂ ਵੀ ਵੱਡੀ ਗਿਣਤੀ 'ਚ ਲੋਕ ਇਸ ਮੇਲੇ 'ਚ ਪੁੱਜੇ। ਇਸ ਦੌਰਾਨ ਪੀ. ਐੱਚ. ਡੀ. ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ ਦੇ ਖੇਤਰੀ ਨਿਰਦੇਸ਼ਕ ਭਾਰਤੀ ਸੂਦ ਨੇ ਕਿਹਾ ਕਿ ਐਤਵਾਰ ਨੂੰ ਇੱਥੇ ਕਰੀਬ 1 ਲੱਖ 28 ਹਜ਼ਾਰ ਲੋਕ ਪਹੁੰਚੇ। ਇਹ ਆਪਣੇ ਆਪ 'ਚ ਇਕ ਰਿਕਾਰਡ ਹੈ। ਉਨ੍ਹਾਂ ਕਿਹਾ ਕਿ ਸੋਮਵਾਰ ਨੂੰ ਮੇਲੇ ਦਾ ਆਖ਼ਰੀ ਦਿਨ ਹੈ। ਅਜਿਹੇ 'ਚ ਆਖ਼ਰੀ ਦਿਨ ਖ਼ਰੀਦਦਾਰੀ ਕਰਨ ਵਾਲੇ ਲੋਕਾਂ ਦੀ ਗਿਣਤੀ ਵਧ ਸਕਦੀ ਹੈ। ਪਾਈਟੈਕਸ 'ਚ ਐਤਵਾਰ ਨੂੰ ਬਹੁਤ ਸਾਰੇ ਪਰਿਵਾਰ ਅਜਿਹੇ ਵੀ ਵੇਖੇ ਗਏ ਜੋ ਪੂਰਾ ਦਿਨ ਇੱਥੇ ਰਹੇ। ਚੈਂਬਰ ਵਲੋਂ ਇੱਥੇ 5 ਦਸੰਬਰ ਤੋਂ ਪਾਈਟੈਕਸ ਦਾ ਆਯੋਜਨ ਕੀਤਾ ਜਾ ਰਿਹਾ ਹੈ। ਪੀ. ਐੱਚ. ਡੀ. ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ ਪੰਜਾਬ ਚੈਪਟਰ ਦੇ ਚੇਅਰ ਕਰਨ ਗਿਲਹੋਤਰਾ ਨੇ ਕਿਹਾ ਕਿ ਅੰਮ੍ਰਿਤਸਰ ਕੌਮਾਂਤਰੀ ਮਹੱਤਵ ਵਾਲਾ ਸੈਰ ਸਪਾਟਾ ਸਥਾਨ ਹੈ। ਜਿਸ ਕਾਰਨ ਦੂਰੋਂ-ਦੂਰੋਂ ਸ੍ਰੀ ਦਰਬਾਰ ਸਾਹਿਬ ਮੱਥਾ ਟੇਕਣ ਆਈਆਂ ਸੰਗਤਾਂ ਵੀ ਅੱਜ ਪਾਈਟੈਕਸ ਪਹੁੰਚੀਆਂ। ਉਨ੍ਹਾਂ ਦੱਸਿਆ ਕਿ ਐਤਵਾਰ ਨੂੰ ਇੱਥੇ ਆਏ ਲੋਕਾਂ ਨੇ ਫੂਡ ਕੋਰਟ 'ਚ ਲਗਾਏ ਗਏ ਵੱਖ-ਵੱਖ ਸਟਾਲਾਂ ਦਾ ਖ਼ੂਬ ਆਨੰਦ ਮਾਣਿਆ।

## 'ਆਪ' ਵਲੋਂ ਗਠਿਤ ਸਕ੍ਰੀਨਿੰਗ ਕਮੇਟੀ 'ਚ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਦਾ ਨਾਂਅ ਗਾਇਬ

ਅੰਮ੍ਰਿਤਸਰ, 8 ਦਸੰਬਰ (ਗਗਨਦੀਪ ਸ਼ਰਮਾ)–ਆਮ ਆਦਮੀ ਪਾਰਟੀ ਵਲੋਂ ਨਿਗਮ ਚੋਣਾਂ ਨੂੰ ਲੈ ਕੇ ਅੰਮ੍ਰਿਤਸਰ ਨਾਲ ਸੰਬੰਧਿਤ ਗਠਿਤ ਕੀਤੀ ਗਈ ਸਕ੍ਰੀਨਿੰਗ ਕਮੇਟੀ 'ਚ ਕੇਵਲ ਹਲਕਾ ਉੱਤਰੀ ਤੋਂ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਦਾ ਨਾਮ ਗਾਇਬ ਹੈ, ਜਦੋਂ ਕਿ ਅੰਮ੍ਰਿਤਸਰ ਤੋਂ ਬਾਕੀ ਦੇ ਸਾਰੇ 4 ਵਿਧਾਇਕਾਂ ਦਾ ਨਾਮ ਸ਼ਾਮਿਲ ਹੈ। ਇਸ ਪ੍ਰਕਾਰ ਇਸ ਸੂਚੀ ਨੇ ਪਾਰਟੀ ਅਤੇ ਕੁੰਵਰ ਵਿਚਾਲੇ ਸੰਬੰਧ ਬਹੁਤੇ ਵਧੀਆ ਨਾ ਹੋਣ ਦੇ ਸੰਕੇਤ ਦਿੱਤੇ ਹਨ। ਆਮ ਆਦਮੀ ਪਾਰਟੀ ਦੇ ਕੌਮੀ ਜਨਰਲ ਸਕੱਤਰ ਸੰਦੀਪ ਪਾਠਕ, ਪੰਜਾਬ ਪ੍ਰਧਾਨ ਅਮਨ ਅਰੋੜਾ ਅਤੇ ਕਾਰਜਕਾਰੀ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੇ ਹਵਾਲੇ ਤੋਂ ਸਕ੍ਰੀਨਿੰਗ ਕਮੇਟੀ ਦੀ ਜਾਰੀ ਹੋਈ ਸੂਚੀ 'ਚ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਹਲਕਾ ਪੱਛਮੀ ਤੋਂ ਵਿਧਾਇਕ ਡਾ. ਜਸਬੀਰ ਸਿੰਘ ਸੰਧੂ, ਹਲਕਾ ਕੇਂਦਰੀ ਤੋਂ ਵਿਧਾਇਕ ਡਾ. ਅਜੇ ਗੁਪਤਾ, ਹਲਕਾ ਪੂਰਬੀ ਤੋਂ ਵਿਧਾਇਕਾ ਜੀਵਨਜੋਤ ਕੌਰ ਅਤੇ ਹਲਕਾ ਦੱਖਣੀ ਤੋਂ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਤੋਂ ਇਲਾਵਾ ਜ਼ੋਨ ਸਟੇਟ ਸੈਕਰੇਟਰੀ ਗੁਰਦੇਵ ਸਿੰਘ ਲਖਣਾ, ਲੋਕ ਸਭਾ ਇੰਚਾਰਜ ਇਕਬਾਲ ਸਿੰਘ ਭੁੱਲਰ, ਜ਼ਿਲ੍ਹਾ ਇੰਚਾਰਜ ਮਨੀਸ਼ ਅਗਰਵਾਲ ਅਤੇ ਚੇਅਰਮੈਨ/ਸੀਨੀਅਰ ਆਗੂ ਜਸਪ੍ਰੀਤ ਸਿੰਘ ਤੇ ਜਸਕਰਨ ਬਦੇਸ਼ਾ ਦਾ ਨਾਮ ਸ਼ਾਮਿਲ ਹੈ। ਇਥੇ ਇਹ ਵੀ ਦੱਸਣਾ ਬਣਦਾ ਹੈ ਕਿ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਪਾਰਟੀ ਦੇ ਸਮਾਗਮਾਂ/ਰੈਲੀਆਂ 'ਚ ਗ਼ੈਰ-ਹਾਜ਼ਰ ਰਹਿਣ ਅਤੇ ਵੱਖ-ਵੱਖ ਮੁੱਦਿਆਂ ਨੂੰ ਲੈ ਕੇ ਆਪਣੀ ਹੀ ਪਾਰਟੀ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਣ ਕਰਕੇ ਵੀ ਕਈ ਵਾਰ ਚਰਚਾ 'ਚ ਰਹਿ ਚੁੱਕੇ ਹਨ।

# ਨਗਰ ਨਿਗਮ ਚੋਣਾਂ ਦਾ ਐਲਾਨ ਹੋਣ ਉਪਰੰਤ ਸਿਆਸੀ ਸਰਗਰਮੀਆਂ 'ਚ ਆਈ ਤੇਜ਼ੀ

*** ਸ਼੍ਰੋਮਣੀ ਅਕਾਲੀ ਦਲ ਵੀ ਹੋਇਆ ਸਰਗਰਮ, ਹਲਕਾ ਦੱਖਣੀ 'ਚ ਕੀਤੀ ਬੈਠਕ * ਇਤਰਾਜ਼ਹੀਨ ਸਰਟੀਫਕੇਟ ਲੈਣ ਲਈ ਨਿਗਮ ਦਫ਼ਤਰ 'ਚ ਅੱਜ ਤੋਂ ਲੱਗੇਗੀ ਚੋਣ ਲੜਨ ਵਾਲੇ ਉਮੀਦਵਾਰਾਂ ਦੀ ਭੀੜ**

ਅੰਮ੍ਰਿਤਸਰ, 8 ਦਸੰਬਰ (ਹਰਮਿੰਦਰ ਸਿੰਘ)–21 ਦਸੰਬਰ ਨੂੰ ਹੋਣ ਵਾਲੀਆਂ ਨਗਰ ਨਿਗਮ ਚੋਣਾਂ ਨੂੰ ਲੈ ਕੇ ਸਿਆਸੀ ਹਲਕਿਆਂ 'ਚ ਤਿਆਰੀਆਂ ਤੇਜ਼ ਹੋ ਗਈਆਂ ਹਨ। ਇਨ੍ਹਾਂ ਚੋਣਾਂ ਲਈ ਕਾਂਗਰਸ, ਭਾਜਪਾ ਅਤੇ ਆਮ ਆਦਮੀ ਪਾਰਟੀ ਵਲੋਂ ਪਹਿਲਾਂ ਹੀ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ, ਪਰ ਅਕਾਲੀ ਦਲ ਵੀ ਇਨ੍ਹਾਂ ਚੋਣਾਂ ਦਾ ਐਲਾਨ ਹੋਣ ਤੋਂ ਬਾਅਦ ਸਰਗਰਮੀਆਂ ਦਿਖਾਉਣ ਲੱਗ ਪਿਆ ਹੈ ਅਤੇ ਇਸ ਸੰਬੰਧ 'ਚ ਬੈਠਕਾਂ ਦਾ ਸਿਲਸਿਲਾ ਸ਼ੁਰੂ ਕਰਕੇ ਚੋਣ ਲੜਣ ਦੇ ਚਾਹਵਾਨ ਵਰਕਰਾਂ ਤੋਂ ਦਾਅਵੇਦਾਰੀਆਂ ਦੀ ਮੰਗ ਕੀਤੀ ਜਾ ਰਹੀ ਹੈ। ਪੰਜਾਬ ਦੇ ਸੂਬਾ ਚੋਣ ਕਮਿਸ਼ਨ ਵਲੋਂ ਨਗਰ ਨਿਗਮ ਦੀਆਂ ਚੋਣਾਂ 21 ਦਸੰਬਰ ਨੂੰ ਕਰਵਾਉਣ ਲਈ ਨੋਟਿਫਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ। 21 ਦਸੰਬਰ ਨੂੰ ਇਨ੍ਹਾਂ ਚੋਣਾਂ ਦੇ ਸ਼ਾਮ ਨੂੰ ਨਤੀਜੇ ਆ ਜਾਣਗੇ। ਨਿਗਮ ਚੋਣਾਂ ਲਈ ਨਾਮਜ਼ਦਗੀ ਪੱਤਰ ਕੱਲ੍ਹ 9 ਦਸੰਬਰ ਤੋਂ ਭਰਨੇ ਸ਼ੁਰੂ ਹੋਣਗੇ ਜੋ 12 ਦਸੰਬਰ ਤੱਕ ਭਰੇ ਜਾਣਗੇ। ਇਹ ਨਾਮਜ਼ਦਗੀ ਪੱਤਰ ਦਾਖਲ ਕਰਵਾਉਣ ਤੋਂ ਪਹਿਲਾਂ ਚੋਣ ਲੜਣ ਦੇ ਚਾਹਵਾਨ ਉਮੀਦਵਾਰਾਂ ਨੂੰ ਨਗਰ ਨਿਗਮ ਤੋਂ ਇਤਰਾਜ ਮੁਕਤ ਸਰਟੀਫਕੇਟ ਲੈਣਾ ਪਵੇਗਾ। ਇਹ ਸਰਟੀਫਕੇਟ ਉਸ ਨੂੰ ਆਪਣੇ ਨਾਮਜ਼ਦਗੀ ਪੱਤਰ ਦੇ ਨਾਲ ਲਗਾਉਣਾ ਪਵੇਗਾ। ਚੋਣ ਕਮਿਸ਼ਨ ਵਲੋਂ ਕੱਲ੍ਹ ਤੋਂ ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਪ੍ਰੀਕ੍ਰਿਆ ਨੂੰ 'ਫਾੜਸੋਟਾ' ਦਸਦੇ ਹੋਏ ਸਾਬਕਾ ਸੀਨੀਅਰ ਡਿਪਟੀ ਮੇਅਰ ਅਵਤਾਰ ਸਿੰਘ ਟੱਰਕਾਂ ਵਾਲਾ ਨੇ ਕਿਹਾ ਕਿ ਨਿਗਮ ਚੋਣਾਂ ਦਾ ਨੋਟੀਫਕੇਸ਼ਨ ਨਾਮਜ਼ਦਗੀਆਂ ਦਾਖਲ ਕਰਵਾਉਣ ਦੀ ਪ੍ਰੀਕ੍ਰਿਆ ਦੇ ਸ਼ੁਰੂ ਹੋਣ ਤੋਂ ਕੁਝ ਦਿਨ ਪਹਿਲਾਂ ਕਰਨਾ ਚਾਹੀਦਾ ਸੀ । ਉਨ੍ਹਾਂ ਕਿਹਾ ਨਾਮਜ਼ਦਗੀ ਪੱਤਰ ਦਾਖਲ ਕਰਵਾਉਣ ਅਤੇ ਚੋਣ ਪ੍ਰਚਾਰ ਲਈ ਸਮਾਂ ਵੀ ਘੱਟ ਹੈ। ਇਥੇ ਇਹ ਦਸਣਾ ਬਣਦਾ ਹੈ ਕਿ ਨਗਰ ਨਿਗਮ ਚੋਣਾਂ ਲਈ ਸ਼੍ਰੋਮਣੀ ਅਕਾਲੀ ਦਲ ਨੂੰ ਛੱਡ ਕੇ ਦੂਸਰੀਆਂ ਪਾਰਟੀਆਂ ਕਾਂਗਰਸ, ਭਾਜਪਾ ਅਤੇ ਆਮ ਆਦਮੀ ਪਾਰਟੀ ਵਲੋਂ ਆਪਣੀ ਪਾਰਟੀ ਵਲੋਂ ਚੋਣ ਲੜਣ ਦੇ ਚਾਹਵਾਨ ਵਰਕਰਾਂ ਤੋਂ ਦਾਅਵੇਦਾਰੀਆਂ ਮੰਗੀਆਂ ਹਨ। ਇਨ੍ਹਾਂ ਦਾਅਵੇਦਾਰੀਆਂ 'ਚ ਸੱਤਾਧਾਰੀ ਪਾਰਟੀ ਆਮ ਆਦਮੀ ਪਾਰਟੀ ਦੇ ਸਭ ਤੋਂ ਵਧੇਰੇ ਵਰਕਰਾਂ ਵਲੋਂ ਆਪਣੀਆਂ ਦਾਅਵੇਦਾਰੀਆਂ ਪੇਸ਼ ਕੀਤੀਆਂ ਹਨ। ਨਗਰ ਨਿਗਮ ਅੰਮ੍ਰਿਤਸਰ ਦੀਆਂ 85 ਵਾਰਡਾਂ ਲਈ 900 ਦੇ ਕਰੀਬ ਵਰਕਰਾਂ ਵਲੋਂ ਆਪਣੇ ਦਾਅਵੇ ਪੇਸ਼ ਕੀਤੇ ਹਨ ਜਿਨ੍ਹਾਂ ਵਿਚੋਂ ਕੁਝ ਕੁ ਦਾਅਵੇਦਾਰਾਂ ਦੇ ਦਾਅਵੇ ਰੱਦ ਹੋਏ ਹਨ ਅਜੇ ਵੀ 850 ਦੇ ਕਰੀਬ ਵਰਕਰਾਂ ਦੇ ਦਾਅਵੇ ਮੌਜੂਦ ਹਨ। ਇਸ ਤਰ੍ਹਾਂ ਆਮ ਆਦਮੀ ਪਾਰਟੀ ਦੇ ਇਕ ਵਾਰਡ 'ਚ ਔਸਤਨ 10 ਦਾਅਵੇਦਾਰ ਮੌਜੂਦ ਹਨ। ਇਸੇ ਤਰ੍ਹਾਂ ਗੱਲ ਕੀਤੀ ਜਾਵੇ ਭਾਜਪਾ ਤਾਂ ਭਾਜਪਾ ਅਤੇ ਕਾਂਗਰਸ ਦੇ ਹਰ ਵਾਰਡ 'ਚ ਔਸਤਨ 4 ਦਾਅਵੇਦਾਰ ਹਨ। ਜਦੋਂ ਕਿ ਅਕਾਲੀ ਦਲ ਵਲੋਂ ਨਿਗਮ ਚੋਣਾਂ ਨੂੰ ਲੈ ਕੇ ਅੱਜ ਤੋਂ ਆਪਣੀ ਸਰਗਰਮੀ ਸ਼ੁਰੂ ਕੀਤੀ ਗਈ ਹੈ। ਇਸ ਸੰਬੰਧ ਵਿਚ ਅੱਜ ਸ਼੍ਰੋਮਣੀ ਅਕਾਲੀ ਦਲ ਜਥਾ ਸ਼ਹਿਰੀ ਦੇ ਪ੍ਰਧਾਨ ਸੁਰਜੀਤ ਸਿੰਘ ਪਹਿਲਵਾਨ ਦੀ ਪ੍ਰਧਾਨਗੀ ਹੇਠ ਵਿਧਾਨ ਸਭਾ ਹਲਕਾ ਦੱਖਣੀ ਦੇ ਅਧੀਨ ਆ ?ਦੀਆਂ ਵਾਰਡਾਂ ਨਾਲ ਸਬੰਧਿਤ ਵਰਕਰਾਂ ਅਤੇ ਸੀਨੀਅਰ ਆਗੂਆਂ ਦੀ ਬੈਠਕ ਹੋਈ ਜਿਸ ਵਿਚ ਨਗਰ ਨਿਗਮ ਚੋਣਾਂ ਲਈ ਦਾਅਵੇਦਾਰੀਆਂ ਮੰਗੀਆਂ ਗਈਆਂ ਹਨ। ਇਸ ਬੈਠਕ ਵਿਚ ਸ਼੍ਰੋਮਣੀ ਕਮੇਟੀ ਦੇ ਸਾਬਕਾ ਜਨ: ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਤੋਂ ਇਲਾਵਾ, ਸ਼੍ਰੋਮਣੀ ਕਮੇਟੀ ਮੈਂਬਰ ਜੋਧ ਸਿੰਘ ਸਮਰਾ, ਸਾਬਕਾ ਸੀਨੀਅਰ ਡਿਪਟੀ ਮੇਅਰ ਅਵਤਾਰ ਸਿੰਘ ਟੱਰਕਾਂ ਵਾਲਾ, ਸੁਰਿੰਦਰ ਸਿੰਘ ਸੁਲਤਾਨਵਿੰਡ, ਕੁਲਦੀਪ ਸਿੰਘ ਪੰਡੋਰੀ, ਇੰਦਰਜੀਤ ਸਿੰਘ ਪੰਡੋਰੀ ਆਦਿ ਮੌਜੂਦ ਸਨ। ਇਸੇ ਤਰ੍ਹਾਂ ਭਾਜਪਾ, ਕਾਂਗਰਸ ਅਤੇ ਆਮ ਆਦਮੀ ਪਾਰਟੀ ਵਲੋਂ ਬੈਠਕਾਂ ਦਾ ਸਿਲਸਲਾ ਤੇਜ਼ ਕਰ ਦਿੱਤਾ ਹੈ । ਇਸ ਦੇ ਨਾਲ ਹੀ ਚੋਣ ਲੜਣ ਦੇ ਚਾਹਵਾਨਾਂ ਦੀਆਂ ਨਗਰ ਨਿਗਮ ਦਫ਼ਤਰ ਵਿਖੇ ਇਤਰਾਜ਼ਹੀਨ ਸਰਟੀਫਕੇਟ ਲੈਣ ਲਈ ਦੌੜਾ ਲੱਗਣਗੀਆਂ।

## ਵਰ੍ਹੇਗੰਢ ਮਨਾਈ



ਹਰਜੀਤ ਸਿੰਘ ਅਤੇ ਰਣਜੀਤ ਕੌਰ ਵਾਸੀ ਪੁਰਾਣੀ ਗਲੀ ਸ਼ਾਹਕੋਟ ਨੇ ਆਪਣੇ ਵਿਆਹ ਦੀ 21ਵੀਂ ਵਰ੍ਹੇਗੰਢ ਮਨਾਈ।

ਸੰਪਾਦਕ-ਰਾਜਿੰਦਰ ਸਿੰਘ। ਪ੍ਰਕਾਸ਼ ਕੌਰ ਹਮਦਰਦ, ਪ੍ਰਿੰਟਰ, ਪਬਲਿਸ਼ਰ ਤੇ ਸੈਕਟਰੀ ਟਰੱਸਟ ਨੇ ਸਾਧੂ ਸਿੰਘ ਹਮਦਰਦ ਟਰੱਸਟ ਲਈ ਡੇਲੀ ਅਜੀਤ ਪ੍ਰਿੰਟਰਜ਼, ਲਿੱਧੜਾਂ, ਜਲੰਧਰ ਤੋਂ ਛਪਵਾ ਕੇ ਨਹਿਰੂ ਗਾਰਡਨ ਰੋਡ ਜਲੰਧਰ ਤੋਂ ਪ੍ਰਕਾਸ਼ਤ ਕੀਤਾ।
ਆਰ. ਐਨ. ਆਈ. ਰਜਿਸਟ੍ਰੇਸ਼ਨ ਨੰ: 7107/59

Editor- Rajinder Singh. Printer, Publisher and Secretary Parkash Kaur Hamdard. Printed for Sadhu Singh Hamdard Trust at Daily Ajit Printers, Lidhran, Jalandhar and Published from Nehru Garden Road, Jalandhar
RNI Regd. No:- 7107/59